# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 23-05-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਹਿਸ਼ਤਗਰਦੀ ਅਤੇ ਮਾਓਵਾਦ ਪ੍ਰਤੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਨੂੰ ਦੁਹਰਾਇਆ- ਸ਼੍ਰੀ ਮੋਦੀ ਨੇ ਨਵੀਂ ਦਿੱਲੀ ਵਿੱਚ ਰਾਈਜ਼ਿੰਗ ਨੋਰਥ-ਈਸਟ ਨਿਵੇਸ਼ਕ ਸੰਮੇਲਨ ਦਾ ਕੀਤਾ ਉਦਘਾਟਨ।
- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ -ਆਪ੍ਰੇਸ਼ਨ ਸਿੰਦੂਰ, ਪਹਿਲਗਾਮ ਹਮਲੇ ਦਾ ਜਵਾਬ ਏ ਅਤੇ ਅੱਜ ਦੁਨੀਆ ਭਾਰਤੀ ਹਥਿਆਰਬੰਦ ਸੈਨਾਵਾਂ ਦੀ ਬਹਾਦਰੀ ਦੀ ਪ੍ਰਸ਼ੰਸਾ ਕਰ ਰਹੀ ਏ।
- ਰਾਜ ਵਿਜੀਲੈਂਸ ਬਿਊਰੋ ਨੇ ਜਲੰਧਰ ਕੇਂਦਰੀ ਦੇ ਆਮ ਆਦਮੀ ਪਾਰਟੀ ਵਿਧਾਇਕ ਰਮਨ ਅਰੋੜਾ ਨੂੰ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਕੀਤਾ ਗ੍ਰਿਫ਼ਤਾਰ।
- ਉੱਘੇ ਸਿੱਖ ਵਿਦਵਾਨ ਪਦਮ ਸ਼੍ਰੀ ਡਾ. ਰਤਨ ਸਿੰਘ ਜੱਗੀ ਦਾ ਅੱਜ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ ਕੀਤਾ ਗਿਆ।

- IPL ਕ੍ਰਿਕੇਟ ਵਿੱਚ, ਅੱਜ ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਸਨਰਾਈਜ਼ਰਸ ਹੈਦਰਾਬਾਦ ਨਾਲ ਹੋਵੇਗਾ।

-----------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਵੇਂ ਦਹਿਸ਼ਤਗਰਦੀ ਹੋਵੇ ਜਾਂ ਮਾਓਵਾਦੀ ਤੱਤ ਜੋ ਅਸ਼ਾਂਤੀ ਫੈਲਾ ਰਹੇ ਨੇ , ਉਨ੍ਹਾਂ ਦੀ ਸਰਕਾਰ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਤੇ ਚਲਦੀ ਏ। ਅੱਜ ਨਵੀਂ ਦਿੱਲੀ ਵਿੱਚ ਰਾਈਜ਼ਿੰਗ ਨੌਰਥ ਈਸਟ ਨਿਵੇਸ਼ਕ ਸਮਿਟ ਦਾ ਉਦਘਾਟਨ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਇੱਕ ਵਿਕਸਤ ਭਾਰਤ ਦੇ ਨਿਰਮਾਣ ਲਈ, ਦੇਸ਼ ਦੇ ਉੱਤਰ-ਪੂਰਬੀ ਖੇਤਰ ਦਾ ਵਿਕਾਸ ਬਹੁਤ ਜ਼ਰੂਰੀ ਏ।BYTE:

ਸਿਖਰ ਸੰਮੇਲਨ ਵਿੱਚ ਪ੍ਰਮੁੱਖ ਉਦਯੋਗ ਆਗੂਆਂ ਦੀ ਮੌਜੂਦਗੀ ਦਾ ਹਵਾਲਾ ਦਿੰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਇਸ ਖੇਤਰ ਵਿੱਚ ਉਪਲਬਧ ਮੌਕਿਆਂ ਬਾਰੇ ਉਤਸ਼ਾਹ ਦਾ ਮਾਹੌਲ ਸੀ। ਇਸ ਮੌਕੇ 'ਤੇ ਬੋਲਦਿਆਂ, ਉੱਤਰ ਪੂਰਬੀ ਖੇਤਰ ਦੇ ਵਿਕਾਸ ਲਈ ਕੇਂਦਰੀ ਮੰਤਰੀ, ਜਯੋਤੀਰਾ-ਦਿੱਤਿਆ ਸਿੰਧੀਆ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਉੱਤਰ ਪੂਰਬੀ ਖੇਤਰ ਵਿੱਚ ਬੁਨਿਆਦੀ ਢਾਂਚੇ ਅਤੇ ਸੰਪਰਕ ਨੂੰ ਵਧਾਉਣ ਲਈ ਬਹੁਤ ਕੰਮ ਕੀਤਾ ਹੈ।

---------------------------------------------------------------------------
ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਆਪ੍ਰੇਸ਼ਨ ਸਿੰਦੂਰ, ਪਹਿਲਗਾਮ ਹਮਲੇ ਦਾ ਜਵਾਬ ਏ ਅਤੇ ਅੱਜ ਦੁਨੀਆ ਭਾਰਤੀ ਹਥਿਆਰਬੰਦ ਸੈਨਾਵਾਂ ਦੀ ਬਹਾਦਰੀ ਦੀ ਪ੍ਰਸ਼ੰਸਾ ਕਰ ਰਹੀ ਏ । ਕੇਂਦਰੀ ਗ੍ਰਿਹ ਨੇ ਕਿਹਾ ਕਿ ਇਹ ਸਰਕਾਰ ਦੀ ਮਜ਼ਬੂਤ ਰਾਜਨੀਤਿਕ ਇੱਛਾ ਸ਼ਕਤੀ, ਖੁਫੀਆ ਏਜੰਸੀਆਂ ਦੁਆਰਾ ਸਹੀ ਜਾਣਕਾਰੀ ਅਤੇ ਹਥਿਆਰਬੰਦ ਸੈਨਾਵਾਂ ਵਲੋਂ ਕੀਤੀ ਗਈ ਘਾਤਕ ਕਾਰਵਾਈ ਕਾਰਨ ਸੰਭਵ ਹੋਇਆ ਏ । ਅੱਜ ਨਵੀਂ ਦਿੱਲੀ ਵਿੱਚ ਸੀਮਾ ਸੁਰੱਖਿਆ ਬਲ ਦੇ ਸਨਮਾਨ ਸਮਾਗਮ ਨੂੰ ਸੰਬੋਧਨ ਕਰਦਿਆਂ,ਉਨ੍ਹਾਂ ਨੇ ਕਿਹਾ ਕਿ ਬੀ.ਐਸ.ਐਫ ਅਤੇ ਹਥਿਆਰਬੰਦ ਬਲਾਂ ਨੇ ਪਾਕਿਸਤਾਨ ਖਿਲਾਫ ਭਾਰਤ ਦੀ ਜਵਾਬੀ ਕਾਰਵਾਈ ਵਿੱਚ ਮਹਾਨ ਬਹਾਦਰੀ ਅਤੇ ਸੱਚੀ ਰੱਖਿਆ ਸ਼ਕਤੀ ਦਾ ਪ੍ਰਦਰਸ਼ਨ ਕੀਤਾ ਏ ।BYTE: ਸ਼੍ਰੀ ਸ਼ਾਹ ਨੇ ਕਿਹਾ, ਬੀ.ਐਸ.ਐਫ ਦੁਨੀਆ ਦੀ ਸਭ ਤੋਂ ਵਧੀਆ ਸਰਹੱਦੀ ਸੁਰੱਖਿਆ ਬਲ ਏ । ਗ੍ਰਿਹ ਮੰਤਰੀ ਨੇ ਪਾਕਿਸਤਾਨ ਅਤੇ ਬੰਗਲਾਦੇਸ਼ ਨਾਲ ਲੱਗਦੀਆਂ ਭਾਰਤ ਦੀਆਂ ਸਰਹੱਦਾਂ ਦੀ ਰੱਖਿਆ ਵਿੱਚ ਬੀ.ਐਸ.ਐਫ ਦੀ ਭੂਮਿਕਾ ਦੀ ਵੀ ਪ੍ਰਸ਼ੰਸਾ ਕੀਤੀ।
---------------------------------------------------------------------------
ਆਮ ਆਦਮੀ ਪਾਰਟੀ ਨੇ ਜਲੰਧਰ ਕੇਂਦਰੀ ਦੇ ਆਪਣੇ ਹੀ ਵਿਧਾਇਕ

ਰਮਨ ਅਰੋੜਾ ਖ਼ਿਲਾਫ਼ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਕਾਰਵਾਈ ਕਰਦਿਆਂ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਏ । ਅੱਜ ਸਵੇਰੇ ਉਨ੍ਹਾਂ ਦੇ ਘਰ ਛਾਪਾ ਮਾਰਨ ਵਾਲੇ ਰਾਜ ਵਿਜੀਲੈਂਸ ਬਿਊਰੋ ਦੇ ਅਧਿਕਾਰੀਆਂ ਨੂੰ ਜਾਂਚ ਦੌਰਾਨ ਕਈ ਇਤਰਾਜ਼ਯੋਗ ਦਸਤਾਵੇਜ਼ ਮਿਲੇ ਨੇ । ਸਰਕਾਰੀ ਸੂਤਰਾਂ ਅਨੁਸਾਰ, ਰਮਨ ਅਰੋੜਾ ਜਲੰਧਰ ਨਗਰ ਨਿਗਮ ਦੇ ਅਧਿਕਾਰੀਆਂ ਰਾਹੀਂ, ਗ਼ੈਰ-ਕਾਨੂੰਨੀ ਉਸਾਰੀ ਦੇ ਨਾਮ 'ਤੇ ਮਾਸੂਮ ਲੋਕਾਂ ਨੂੰ ਝੂਠੇ ਨੋਟਿਸ ਭੇਜਦੇ ਸਨ । ਫਿਰ ਉਹ ਪੈਸੇ ਲੈ ਕੇ ਉਨ੍ਹਾਂ ਨੋਟਿਸਾਂ ਨੂੰ ਰੱਦ ਕਰਵਾਉਂਦੇ ਸਨ । ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਰਮਨ ਅਰੋੜਾ ਖ਼ਿਲਾਫ਼ ਭ੍ਰਿਸ਼ਟਾਚਾਰ ਦੀਆਂ ਸ਼ਿਕਾਇਤਾਂ ਮਿਲਣ ਤੋਂ ਬਾਅਦ ਕਾਰਵਾਈ ਕੀਤੀ ਗਈ ਏ । ਬਾਅਦ ਵਿੱਚ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਆਪ' ਪੰਜਾਬ ਦੇ 'ਐਕਸ' ਹੈਂਡਲ 'ਤੇ ਪੋਸਟ ਕੀਤੇ ਇੱਕ ਵੀਡੀਓ ਸੰਦੇਸ਼ ਵਿੱਚ ਕਿਹਾ ਕਿ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਪਾਏ ਜਾਣ 'ਤੇ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਭ੍ਰਿਸ਼ਟਾਚਾਰ ਖਿਅਫ਼ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਅਪਣਾ ਰਹੀ ਏ । ਉਨ੍ਹਾਂ ਸਾਰਿਆਂ ਨੂੰ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਉਨ੍ਹਾਂ ਸਾਰਿਆਂ ਦਾ ਸਮਰਥਨ ਕਰੇਗੀ ਜੋ ਅਧਿਕਾਰੀਆਂ ਦੇ ਭ੍ਰਿਸ਼ਟ ਕੰਮਾਂ ਵਿਰੁੱਧ ਸ਼ਿਕਾਇਤ ਕਰਨਗੇ। BYTE:

---

ਜਿਵੇਂ ਕਿ ਅਸੀਂ "ਆਪ੍ਰੇਸ਼ਨ ਸਿੰਦੂਰ" ਦੀ ਸਫਲਤਾ ਦਾ ਜਸ਼ਨ ਮਨਾ ਰਹੇ ਹਾਂ, ਰਾਸ਼ਟਰ ਭਾਰਤੀ ਫੌਜੀਆਂ ਦੀ ਬਹਾਦਰੀ ਨੂੰ ਸਲਾਮ ਕਰਦਾ ਏ । ਹਥਿਆਰਬੰਦ ਫੌਜਾਂ ਨੂੰ ਸ਼ਰਧਾਂਜਲੀ ਵਜੋਂ, ਆਕਾਸ਼ਵਾਣੀ ਖਬਰਾਂ ਵੱਲੋਂ ਇੱਕ ਵਿਸ਼ੇਸ਼ ਲੜੀ ਪੇਸ਼ ਕੀਤੀ ਜਾ ਰਹੀ ਏ। ਅੱਜ ਅਸੀਂ ਪਰਮ ਵੀਰ ਚੱਕਰ ਪੁਰਸਕਾਰ ਜੇਤੂ, ਫਲਾਇੰਗ ਅਫਸਰ ਨਿਰਮਲ ਜੀਤ ਸਿੰਘ ਸੇਖੋਂ ਨੂੰ ਯਾਦ ਕਰਦੇ ਹਾਂ, ਜਿਨ੍ਹਾਂ ਨੇ ਸਾਲ 1971 ਵਿੱਚ ਭਾਰਤ-ਪਾਕਿਸਤਾਨ ਜੰਗ ਦੌਰਾਨ ਸ੍ਰੀਨਗਰ, ਏਅਰ-ਬੇਸ ਦੀ ਬਹਾਦਰੀ ਨਾਲ ਰੱਖਿਆ ਕਰਦੇ ਹੋਏ ਆਪਣੀ ਜਾਨ ਕੁਰਬਾਨ ਕਰ ਦਿੱਤੀ। ਪੇਸ਼ ਏ ਇੱਕ ਰਿਪੋਰਟ

---

ਪੰਜਾਬੀ ਤੇ ਹਿੰਦੀ ਸਾਹਿਤ ਦੇ ਉੱਘੇ ਸਿੱਖ ਵਿਦਵਾਨ, ਪਦਮ ਸ੍ਰੀ ਡਾ. ਰਤਨ ਸਿੰਘ ਜੱਗੀ ਦਾ ਅੰਤਿਮ ਸਸਕਾਰ ਅੱਜ ਬੀਰ ਜੀ ਸਮਸ਼ਾਨਘਾਟ ਵਿਖੇ ਪੂਰੀਆਂ ਧਾਰਮਿਕ ਰਹੁਰੀਤਾਂ ਤੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ । ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਮਾਲਵਿੰਦਰ ਸਿੰਘ ਜੱਗੀ ਨੇ ਦਿਖਾਈ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਦੀ ਤਰਫ਼ੋਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਸ਼ਰਧਾਂਜਲੀ ਅਰਪਿਤ ਕੀਤੀ। ਪਟਿਆਲਾ ਪੁਲਿਸ ਦੀ ਹਥਿਆਰਬੰਦ ਟੁਕੜੀ ਨੇ ਹਥਿਆਰ ਉਲਟੇ ਕਰਕੇ ਸਲਾਮੀ ਦਿੱਤੀ। ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ

ਕੋਹਲੀ ਨੇ ਕਿਹਾ ਕਿ ਡਾ. ਰਤਨ ਸਿੰਘ ਜੱਗੀ ਪੰਜਾਬੀ ਤੇ ਹਿੰਦੀ ਸਿੱਖ ਸਾਹਿਤ ਦਾ ਅਨਮੋਲ ਖ਼ਜ਼ਾਨਾ ਸਨ, ਜਿਨ੍ਹਾਂ ਦੇ ਅਕਾਲ ਚਲਾਣੇ ਨਾਲ ਨਾ ਕੇਵਲ ਜੱਗੀ ਪਰਿਵਾਰ ਨੂੰ ਵੱਡਾ ਘਾਟਾ ਪਿਆ ਏ ਸਗੋਂ ਸਿੱਖ ਜਗਤ ਤੇ ਖਾਸ ਕਰਕੇ ਸਾਹਿਤਕ ਖੇਤਰ ਵਿੱਚ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਏ।

---------------------------------------------------------------------

ਪੰਜਾਬ ਦੀ ਭ੍ਰਿਸ਼ਟਾਚਾਰ ਖ਼ਿਲਾਫ਼ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਤਹਿਤ, ਫਗਵਾੜਾ ਦੇ ਚਾਰ ਪੁਲਿਸ ਮੁਲਾਜ਼ਮਾਂ ਨੂੰ ਇਕ ਨਸ਼ਾ ਤਸਕਰ ਨੂੰ ਫਰਾਰ ਹੋਣ ਵਿਚ ਮਦਦ ਕਰਨ ਦੇ ਇਲਜ਼ਾਮ 'ਚ ਗ੍ਰਿਫਤਾਰ ਕਰ ਲਿਆ ਗਿਆ ਏ । ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਜਲੰਧਰ ਦੇ DIG ਨਵੀਨ ਸਿੰਘ ਨੇ ਦਸਿਆ IBYTE:

---------------------------------------------------------------------

ਸੀਟੀ ਗਰੁੱਪ ਆਫ਼ ਇੰਸਟੀਚਿਊਟਸ ਦੇ ਉੱਤਰੀ ਕੈਂਪਸ ਵਲੋਂ 'ਦ ਸ਼ਾਈਨਿੰਗ ਸਟਾਰ ਐਵਾਰਡ ਸਮਾਰੋਹ' ਦਾ ਆਯੋਜਨ ਕੀਤਾ ਗਿਆ । 2 ਪੰਜਾਬ ਐਨ.ਸੀ.ਸੀ ਬਟਾਲੀਅਨ, ਜਲੰਧਰ ਦੇ ਕਮਾਂਡਿੰਗ ਅਫ਼ਸਰ ਕਰਨਲ ਵਿਨੋਦ ਜੋਸ਼ੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਸਮਾਗਮ ਵਿੱਚ ਜਲੰਧਰ, ਮੁਕੇਰੀਆਂ, ਅਮਲੋਹ, ਸ਼ਾਹਪੁਰ, ਟਾਂਡਾ, ਅੰਮ੍ਰਿਤਸਰ, ਕਪੂਰਥਲਾ ਅਤੇ ਆਸ ਪਾਸ ਦੇ ਇਲਾਕਿਆਂ ਦੇ ਵੱਖ-ਵੱਖ

ਸਕੂਲਾਂ ਦੇ 800 ਤੋਂ ਵੱਧ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਦਾ ਉਦੇਸ਼ ਅਕਾਦਮਿਕ ਉੱਤਮਤਾ, ਲੀਡਰਸ਼ਿਪ, ਅਨੁਸ਼ਾਸਨ ਅਤੇ ਸਰਵਪੱਖੀ ਵਿਕਾਸ ਨੂੰ ਮਾਨਤਾ ਦੇਣਾ ਸੀ। ਕਰਨਲ ਜੋਸ਼ੀ ਨੇ ਅਜਿਹੇ ਸਾਰਥਕ ਸਮਾਗਮ ਦੇ ਆਯੋਜਨ ਲਈ ਸੀਟੀ ਗਰੁੱਪ ਦੀ ਪ੍ਰਸ਼ੰਸਾ ਕੀਤੀ ।

---------------------------------------------------------------------

ਅੱਜ ਪਠਾਨਕੋਟ ਵਿਖੇ ਰੇਲਵੇ ਵਿਭਾਗ ਤੇ ਵੱਖੋ ਵੱਖ ਸੁਰੱਖਿਆ ਏਜੰਸੀਆਂ ਵੱਲੋਂ ਮੋਕ ਡਰਿੱਲ ਕੀਤੀ ਗਈ ਜਿਸ ਵਿੱਚ ਦਰਸ਼ਾਇਆ ਗਿਆ ਕਿ ਰੇਲ ਹਾਦਸ ਹੋਣ ਦੀ ਸੂਰਤ ਵਿਚ ਲੋਕਾਂ ਦੀ ਜਾਨ ਕਿਵੇਂ ਬਚਾਉਣੀ ਏ ਅਧਿਕਾਰੀਆਂ ਨੇ ਦੱਸਿਆ ਕਿ ਅੱਜ ਰੇਲਵੇ, ਐਨ.ਡੀ.ਆਰ.ਐਫ ਅਤੇ ਬਾਕੀ ਦੀਆਂ ਸੁਰੱਖਿਆ ਏਜੰਸੀਆਂ ਵੱਲੋਂ ਰਲ ਕੇ ਮੋਕ ਡਰਿੱਲ ਕੀਤੀ ਗਈ ਅਤੇ ਲੋਕਾਂ ਨੂੰ ਖੁਦ ਨੂੰ ਅਤੇ ਹੋਰਨਾਂ ਨੂੰ ਸੁਰੱਖਿਅਤ ਬਚਾਉਣ ਬਾਰੇ ਅਭਿਆਸ ਕਰਵਾਇਆ ਗਿਆ।

---------------------------------------------------------------------

IPL ਕ੍ਰਿਕੇਟ ਵਿੱਚ, ਅੱਜ ਲਖਨਊ 'ਚ, ਰਾਇਲ ਚੈਲੇਂਜਰਜ਼ ਬੰਗਲੂਰੂ ਦਾ ਮੁਕਾਬਲਾ ਸਨਰਾਈਜ਼ਰਸ ਹੈਦਰਾਬਾਦ ਨਾਲ ਹੋਵੇਗਾ। ਇਹ ਮੈਚ ਸ਼ਾਮੀ ਸਾਢੇ 7 ਵਜੇ ਸ਼ੁਰੂ ਹੋਵੇਗਾ।

-----------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦਹਿਸ਼ਤਗਰਦੀ ਅਤੇ ਮਾਓਵਾਦ ਪ੍ਰਤੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਨੂੰ ਦੁਹਰਾਇਆ- ਸ਼੍ਰੀ ਮੋਦੀ ਨੇ ਨਵੀਂ ਦਿੱਲੀ ਵਿੱਚ ਰਾਈਜ਼ਿੰਗ ਨੌਰਥ-ਈਸਟ ਨਿਵੇਸ਼ਕ ਸੰਮੇਲਨ ਦਾ ਕੀਤਾ ਉਦਘਾਟਨ।
- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ -ਆਪ੍ਰੇਸ਼ਨ ਸਿੰਦੂਰ, ਪਹਿਲਗਾਮ ਹਮਲੇ ਦਾ ਜਵਾਬ ਏ ਅਤੇ ਅੱਜ ਦੁਨੀਆ ਭਾਰਤੀ ਹਥਿਆਰਬੰਦ ਸੈਨਾਵਾਂ ਦੀ ਬਹਾਦਰੀ ਦੀ ਪ੍ਰਸ਼ੰਸਾ ਕਰ ਰਹੀ ਏ।
- ਰਾਜ ਵਿਜੀਲੈਂਸ ਬਿਊਰੋ ਨੇ ਜਲੰਧਰ ਕੇਂਦਰੀ ਦੇ ਆਮ ਆਦਮੀ ਪਾਰਟੀ ਵਿਧਾਇਕ ਰਮਨ ਅਰੋੜਾ ਨੂੰ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਕੀਤਾ ਗ੍ਰਿਫ਼ਤਾਰ।
- ਉੱਘੇ ਸਿੱਖ ਵਿਦਵਾਨ ਪਦਮ ਸ਼੍ਰੀ ਡਾ. ਰਤਨ ਸਿੰਘ ਜੱਗੀ ਦਾ ਅੱਜ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ ਕੀਤਾ ਗਿਆ।
- IPL ਕ੍ਰਿਕੇਟ ਵਿੱਚ, ਅੱਜ ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਸਨਰਾਈਜ਼ਰਸ ਹੈਦਰਾਬਾਦ ਨਾਲ ਹੋਵੇਗਾ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,